# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**8:30**

**ਮਿਤੀ :12-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਅੱਜ ਰਾਜ ਸਭਾ ਵਿੱਚ, ਕੇਰਲਾ ਦਾ ਨਾਮ ਬਦਲਣ ਸਬੰਧੀ ਬਿੱਲ, 2026 ਪੇਸ਼ ਕਰਨਗੇ।

- ਲੋਕ ਸਭਾ ਵਿੱਚ, ਖਾਣਾਂ ਅਤੇ ਖਣਿਜ (ਵਿਕਾਸ ਅਤੇ ਨਿਯਮ ) ਸੋਧ ਬਿੱਲ-2026 ਪੇਸ਼ ਕੀਤਾ ਜਾਵੇਗਾ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਆਤਮਕਥਾ ਜਾਰੀ ਕਰਨਗੇ।

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਨਵੀਂ ਦਿੱਲੀ ਵਿੱਚ ਬੂਟੇ ਲਗਾਉਣ ਦੀ ਇਕ ਵਿਆਪਕ ਮੁਹਿੰਮ ਦੀ ਸ਼ੁਰੂਆਤ ਕਰਨਗੇ।

- ਮੌਸਮ ਵਿਭਾਗ ਨੇ ਅੱਜ ਪੰਜਾਬ ਸਮੇਤ ਹੋਰਨਾਂ ਵੱਖ ਵੱਖ ਸੂਬਿਆਂ 'ਚ ਭਾਰੀ ਮੀਂਹ ਪੈਣ ਬਾਰੇ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤੇ ।

- ਰਾਸ਼ਟਰ-ਮੰਡਲ ਤਲਵਾਰਬਾਜ਼ੀ ਚੈਂਪੀਅਨਸ਼ਿਪ ਵਿੱਚ, ਕਰਨ ਸਿੰਘ ਅਤੇ ਸ਼ੇਰਜਿਨ ਸ਼ਾਂਤੀਮੋਲ ਅਤੇ ਤਨਿਸ਼ਕਾ ਖੱਤਰੀ ਨੇ ਨਾਈਜੀਰੀਆ 'ਚ ਸੋਨੇ ਦੇ ਤਮਗੇ ਜਿੱਤੇ ।

***ਹੁਣ ਖਬਰਾਂ ਵਿਸਥਾਰ ਨਾਲ***

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਰਾਜ ਸਭਾ ਵਿੱਚ, ਕੇਰਲਾ ਦਾ ਨਾਮ ਬਦਲਣ ਸਬੰਧੀ ਬਿੱਲ, 2026 ਪੇਸ਼ ਕਰਨਗੇ । ਲੋਕ ਸਭਾ ਨੇ ਕੱਲ੍ਹ ਇਸ ਬਿੱਲ ਨੂੰ ਪਾਸ ਕਰ ਦਿੱਤਾ। ਰਾਜ ਸਭਾ ਵੱਲੋਂ ਅੱਜ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ (ਸੋਧ) ਬਿੱਲ, 2026 'ਤੇ ਵਿਚਾਰ ਕਰਨ ਅਤੇ ਪਾਸ ਕਰਨ ਦੀ ਵੀ ਉਮੀਦ ਏ । ਖਾਣਾਂ ਅਤੇ ਖਣਿਜ (ਵਿਕਾਸ ਅਤੇ ਨਿਯਮ ) ਸੋਧ ਬਿੱਲ ਲੋਕ ਸਭਾ ਵਿੱਚ ਵਿਚਾਰ ਅਤੇ ਪਾਸ ਹੋਣ ਲਈ ਪੇਸ਼ ਕੀਤਾ ਜਾਵੇਗਾ। ਕੱਲ੍ਹ, ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ

ਕਾਰਨ ਸੰਸਦ ਦੇ ਦੋਵਾਂ ਸਦਨਾਂ ਵਿੱਚ ਕਾਰਵਾਈ ਦੌਰਾਨ ਇੱਕ ਵਾਰ ਫਿਰ ਵਿਘਨ ਪਿਆ । ਲੋਕ ਸਭਾ ਨੇ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ (ਸੋਧ) ਬਿੱਲ, 2026 ਅਤੇ ਰਾਜ ਸਭਾ ਨੇ ਟ੍ਰਿਬਿਊਨਲ ਸੁਧਾਰ ਬਿੱਲ ਨੂੰ ਪਾਸ ਕਰ ਦਿੱਤਾ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਆਤਮਕਥਾ, "Triumph of the Indian Republic: My Life, My Struggles", ਜਾਰੀ ਕਰਨਗੇ। ਇਸ ਮੌਕੇ 'ਤੇ ਪ੍ਰਧਾਨ ਮੰਤਰੀ ਇੱਕ ਇਕੱਠ ਨੂੰ ਵੀ ਸੰਬੋਧਨ ਕਰਨਗੇ। ਇਹ ਆਤਮਕਥਾ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਜੀਵਨ ਯਾਤਰਾ ਦਾ ਇੱਕ ਬਹੁਤ ਹੀ ਨਿੱਜੀ ਬਿਰਤਾਂਤ ਪ੍ਰਦਾਨ ਕਰਦੀ ਏ , ਇਹ ਪੁਸਤਕ ਉਨਾ ਕਦਰਾਂ ਕੀਮਤਾਂ ਅਨੁਭਵਾਂ ਅਤੇ ਹਾਲਾਤ ਦੀ ਜਾਣਕਾਰੀ ਦਿੰਦੀ ਏ ਜਿਨ੍ਹਾਂ ਨੇ ਜੋ ਸਾਬਕਾ ਰਾਸ਼ਟਰਪਤੀ ਦੇ ਸਫ਼ਰ ਅਤੇ ਜਨਤਕ ਸੇਵਾ ਨੂੰ ਆਕਾਰ ਦਿਤਾ ।

-----------------------------------------------------------

ਹਰ ਘਰ ਤਿਰੰਗਾ ਮੁਹਿੰਮ ਤਹਿਤ ਦੇਸ਼ ਭਰ ਵਿੱਚ ਕਈ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ । ਉਪ-ਰਾਸ਼ਟਰਪਤੀ, ਸੀਪੀ ਰਾਧਾਕ੍ਰਿਸ਼ਨਨ ਨੇ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਹਰ ਘਰ

ਤਿਰੰਗਾ ਬਾਈਕ ਰੈਲੀ ਨੂੰ ਰਵਾਨਾ  ਕਰ ਰਹੇ ਨੇ |  ਕੱਲ੍ਹ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਾਗਰਿਕਾਂ ਨੂੰ ਆਜ਼ਾਦੀ ਦਿਵਸ ਨੂੰ ਸਨਮਾਨ, ਮਾਣ ਅਤੇ ਸ਼ਾਨ ਨਾਲ ਮਨਾਉਣ ਅਤੇ ਇੱਕ ਵਿਕਸਤ ਭਾਰਤ ਲਈ ਪ੍ਰਣ ਲੈਣ ਦੀ ਅਪੀਲ ਕੀਤੀ। ਇੰਸਟਾਗ੍ਰਾਮ 'ਤੇ ਪੋਸਟ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ, ਸ਼੍ਰੀ ਮੋਦੀ ਨੇ ਲੋਕਾਂ ਨੂੰ "ਹਰ ਘਰ ਤਿਰੰਗਾ, ਘਰ ਘਰ ਤਿਰੰਗਾ, ਹਰ ਮਨ ਤਿਰੰਗਾ" ਮੁਹਿੰਮ ਦੇ ਹਿੱਸੇ ਵਜੋਂ ਹਰ ਘਰ 'ਤੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਅਪੀਲ ਕੀਤੀ।

BYTE

---------------------------------------------------------------

ਉਧਰ ਯੁਵਾ ਮਾਮਲੇ ਅਤੇ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਅੱਜ ਸਵੇਰੇ ਮੇਜਰ ਧਿਆਨ ਚੰਦ ਸਟੇਡੀਅਮ ਤੋਂ 'ਹਰ ਘਰ ਤਿਰੰਗਾ' ਸਾਈਕਲ ਰੈਲੀ ਨੂੰ  ਰਵਾਨਾ ਕੀਤਾ। ਸ਼੍ਰੀ ਮਾਂਡਵੀਆ ਨੇ ਦਿੱਲੀ ਯੂਨੀਵਰਸਿਟੀ ਦੇ ਮਾਈ ਭਾਰਤ ਵਾਲੰਟੀਅਰਾਂ ਨਾਲ ਰੈਲੀ ਦੀ ਅਗਵਾਈ ਕੀਤੀ।  ਇਸ ਮੌਕੇ ਸ਼੍ਰੀ ਮਾਂਡਵੀਆ ਨੇ ਕਿਹਾ

BYTE

---------------------------------------------------------------

ਜੰਮੂ ਕਸ਼ਮੀਰ ਵਿੱਚ ਅੱਜ ਸ਼੍ਰੀਨਗਰ ਦੀ ਮਸ਼ਹੂਰ ਡੱਲ ਝੀਲ ਦੇ ਕੰਢੇ ਬੁਲੇ-ਵਾਰਡ ਰੋਡ 'ਤੇ ਇੱਕ ਵਿਸ਼ਾਲ ਤਿਰੰਗਾ ਯਾਤਰਾ ਦਾ ਆਯੋਜਨ

ਕੀਤਾ ਗਿਆ। ਉਪ ਰਾਜਪਾਲ ਮਨੋਜ ਸਿਨਹਾ ਨੇ ਰੈਲੀ ਦੀ ਅਗਵਾਈ ਕੀਤੀ, ਜਿਸ ਵਿੱਚ ਹਜ਼ਾਰਾਂ ਵਿਦਿਆਰਥੀ, ਸਰਕਾਰੀ ਕਰਮਚਾਰੀ, ਸੁਰੱਖਿਆ ਕਰਮਚਾਰੀ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕ ਸ਼ਾਮਲ ਹੋਏ। ਭਾਗ ਲੈਣ ਵਾਲਿਆਂ ਨੇ ਤਿਰੰਗਾ ਝੰਡਾ ਲਹਿਰਾਇਆ ਅਤੇ ਰਸਤੇ ਵਿੱਚ ਦੇਸ਼ ਭਗਤੀ ਦੇ ਗੀਤ ਗਾਏ। ਜੰਮੂ  ਕਸ਼ਮੀਰ ਪੁਲਿਸ ਬੈਂਡ ਨੇ ਰੈਲੀ ਦੌਰਾਨ ਰਾਸ਼ਟਰੀ ਗੀਤ ਅਤੇ ਹੋਰ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ।

-----------------------------------------------------

ਸਰਬਉੱਚ ਅਦਾਲਤ ਨੇ ਬਾਕੀ ਬਚੇ 19 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਕਿਹਾ ਏ ਕਿ ਉਹ ਕੈਂਸਰ ਨੂੰ  ਸੂਚਿਤ ਕਰਨ ਯੋਗ ਬਿਮਾਰੀ" ਐਲਾਨਣ ਬਾਰੇ ਵਿਚਾਰ ਕਰਨ, ਤਾਂ ਜੋ ਇਸਦਾ ਜਲਦੀ ਪਤਾ ਲਗਾਇਆ ਜਾ ਸਕੇ ਅਤੇ ਮਰੀਜ਼ਾਂ ਦੀ ਸਹੀ ਦੇਖਭਾਲ ਯਕੀਨੀ ਬਣਾਈ ਜਾ ਸਕੇ। ਭਾਰਤ ਦੇ ਚੀਫ਼ ਜਸਟਿਸ ਦੀ ਅਗਵਾਈ ਵਾਲੇ ਬੈਂਚ ਨੇ ਕੱਲ੍ਹ ਇਹ ਨਿਰਦੇਸ਼ ਜਾਰੀ ਕੀਤਾ। ਅਦਾਲਤ ਨੂੰ ਦੱਸਿਆ ਗਿਆ ਕਿ, ਇੱਕ ਸੰਸਦੀ ਸਥਾਈ ਕਮੇਟੀ ਦੀਆਂ ਸਿਫ਼ਾਰਸ਼ਾਂ ਦੀ ਪਾਲਣਾ ਕਰਦੇ ਹੋਏ, 36 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚੋਂ 17 ਨੇ ਪਹਿਲਾਂ ਹੀ ਕੈਂਸਰ ਨੂੰ ਸਰਕਾਰ ਲਈ ਇੱਕ ਸੂਚਿਤ ਕਰਨ ਯੋਗ ਬਿਮਾਰੀ ਐਲਾਨ ਕਰ ਦਿੱਤਾ ਏ । ਇਸ ਤੋਂ ਪਹਿਲਾਂ, ਅਦਾਲਤ ਨੇ ਕੇਂਦਰ ਸਰਕਾਰ ਅਤੇ ਸਾਰੇ ਰਾਜਾਂ ਅਤੇ ਕੇਂਦਰ

ਸ਼ਾਸਤ ਪ੍ਰਦੇਸ਼ਾਂ ਨੂੰ ਇੱਕ ਜਨਹਿੱਤ ਪਟੀਸ਼ਨ 'ਤੇ ਨੋਟਿਸ ਜਾਰੀ ਕੀਤਾ ਸੀ ਜਿਸ ਵਿੱਚ ਦੇਸ਼ ਭਰ ਵਿੱਚ ਕੈਂਸਰ ਨੂੰ ਸੂਚਿਤ ਕਰਨ ਯੋਗ ਬਿਮਾਰੀ ਐਲਾਨਣ ਦੇ ਨਿਰਦੇਸ਼ਾਂ ਦੀ ਮੰਗ ਕੀਤੀ ਗਈ ਸੀ। ਕੇਂਦਰ ਨੇ ਅਦਾਲਤ ਨੂੰ ਦੱਸਿਆ ਕਿ ਸਿਹਤ ਇੱਕ ਰਾਜ ਦਾ ਵਿਸ਼ਾ ਏ  ਅਤੇ 17 ਰਾਜ ਪਹਿਲਾਂ ਹੀ ਕੈਂਸਰ ਨੂੰ ਸੂਚਿਤ ਕਰਨ ਯੋਗ ਬਿਮਾਰੀ ਐਲਾਨ ਕਰ ਚੁੱਕੇ ਹਨ। ਅਦਾਲਤ ਨੇ ਬਾਕੀ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਿਫਾਰਸ਼ਾਂ 'ਤੇ ਵਿਚਾਰ ਕਰਨ ਅਤੇ ਢੁਕਵੇਂ ਫੈਸਲੇ ਲੈਣ ਦੇ ਨਿਰਦੇਸ਼ ਦਿੱਤੇ। ਅਦਾਲਤ ਨੇ ਉਨ੍ਹਾਂ ਨੂੰ ਪਾਲਣਾ ਹਲਫ਼ਨਾਮਾ ਦਾਇਰ ਕਰਨ ਦੇ ਵੀ ਨਿਰਦੇਸ਼ ਦਿੱਤੇ। ਸੁਪਰੀਮ ਕੋਰਟ ਨੇ ਦੇਸ਼ ਭਰ ਵਿੱਚ ਕੈਂਸਰ ਸਕ੍ਰੀਨਿੰਗ ਨੂੰ ਲਾਗੂ ਕਰਨ ਦੇ ਉਪਾਵਾਂ ਬਾਰੇ ਜਾਣਕਾਰੀ ਵੀ ਮੰਗੀ ਏ।

---

ਭਾਰਤ ਨੇ ਦੁਹਰਾਇਆ ਏ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਇੱਕ ਅਟੁੱਟ ਅਤੇ ਅਨਿੱਖੜਵਾਂ ਅੰਗ ਹੈ, ਅਤੇ ਕੋਈ ਵੀ ਇਸ ਹਕੀਕਤ ਨੂੰ ਬਦਲ ਨਹੀਂ ਸਕਦਾ। ਕੱਲ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ  ਜੈਸਵਾਲ ਨੇ ਕਿਹਾ ਕਿ ਭਾਰਤ ਨੇ ਹਮੇਸ਼ਾ ਚੀਨ ਨਾਲ ਭਾਰਤ ਅਤੇ ਚੀਨ ਵਿਚਕਾਰ ਸਰਹੱਦੀ ਇਲਾਕਿਆਂ ਨਾਲ ਸੰਬੰਧਤ ਮਾਮਲਿਆਂ 'ਤੇ ਚਰਚਾ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਹ ਇਨ੍ਹਾਂ ਮੁੱਦਿਆਂ 'ਤੇ ਬਹੁਤ ਗੰਭੀਰ ਏ  |

Byte

---------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਹਰਿਆਲੀ ਮਸਿਆ ਦੇ ਮੌਕੇ 'ਤੇ ਨਵੀਂ ਦਿੱਲੀ ਵਿੱਚ ਬੂਟੇ ਲਗਾਉਣ ਦੀ ਇਕ ਵਿਆਪਕ ਮੁਹਿੰਮ ਦੀ ਸ਼ੁਰੂਆਤ ਕਰਨਗੇ। ਸ਼੍ਰੀ ਚੌਹਾਨ ਦੇ ਵ੍ਰਕਸ਼ ਮਿੱਤਰ ਅਭਿਆਨ ਨਾਲ ਜੁੜੇ ਦੇਸ਼ ਭਰ ਦੇ ਹਜ਼ਾਰਾਂ ਮੈਂਬਰ ਉਨ੍ਹਾਂ ਦੀ ਅਪੀਲ 'ਤੇ ਆਪਣੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਰੁੱਖ ਲਗਾਉਣ ਦੀਆਂ ਮੁਹਿੰਮਾਂ ਵਿੱਚ ਵੀ ਹਿੱਸਾ ਲੈਣਗੇ। ਦੇਸ਼ ਭਰ ਵਿੱਚ 50, ਹਜ਼ਾਰ  ਤੋਂ ਵੱਧ ਬੂਟੇ  ਲਗਾਉਣ ਦਾ ਸਮੂਹਿਕ ਅਹਦ ਲਿਆ ਗਿਆ ਹੈ। ਨਾਗਰਿਕਾਂ ਨੂੰ ਅਪੀਲ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਹਰਿਆਲੀ ਮਸਿਆ ਇੱਕ ਤਿਉਹਾਰ ਹੈ ਜੋ ਕੁਦਰਤ ਪ੍ਰਤੀ ਸ਼ੁਕਰਗੁਜ਼ਾਰ ਹੋਣ  ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਲੋਕਾਂ ਨੂੰ ਸਰਗਰਮ ਭਾਗੀਦਾਰੀ ਅਤੇ ਆਪਣੇ ਆਲੇ  ਹਰਿਆਲੀ ਵਧਾ ਕੇ ਇਸ ਤਿਉਹਾਰ ਨੂੰ ਕੁਦਰਤ ਦਾ ਜਸ਼ਨ ਬਣਾਉਣ ਦਾ ਸੱਦਾ ਦਿੱਤਾ। ਸ਼੍ਰੀ ਚੌਹਾਨ ਨੇ ਕਿਹਾ ਕਿ ਕੁਦਰਤ ਪ੍ਰਤੀ ਸ਼ੁਕਰਗੁਜ਼ਾਰੀ ਸਿਰਫ਼ ਸ਼ਬਦਾਂ ਵਿੱਚ ਹੀ ਨਹੀਂ, ਸਗੋਂ ਰੁੱਖ ਲਗਾਉਣ ਰਾਹੀਂ ਵੀ ਦਿਖਾਈ ਜਾਣੀ ਚਾਹੀਦੀ ਹੈ। ਕੇਂਦਰੀ ਮੰਤਰੀ ਨੇ ਕਿਹਾ ਕਿ ਰੁੱਖ ਲਗਾਉਣਾ ਨਾ ਸਿਰਫ਼ ਵਾਤਾਵਰਣ ਸੁਰੱਖਿਆ ਦਾ ਕੰਮ ਹੈ, ਸਗੋਂ ਆਉਣ

ਵਾਲੀਆਂ ਪੀੜ੍ਹੀਆਂ ਲਈ ਇੱਕ ਸੁਰੱਖਿਅਤ, ਸੁਰੱਖਿਅਤ ਅਤੇ ਸੁੰਦਰ ਭਵਿੱਖ ਦੀ ਬੁਨਿਆਦ ਰੱਖਣ ਦਾ ਇੱਕ ਤਰੀਕਾ ਵੀ ਏ ।

--------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਅੱਜ  ਚੰਡੀਗੜ੍ਹ ਸਥਿਤ ਪੰਜਾਬ ਲੋਕ ਭਵਨ ਵਿਖੇ HIV-ਏਡਜ਼ ਬਾਰੇ ਜਾਗਰੂਕਤਾ ਮੁਹਿੰਮ ਦਾ ਉਦਘਾਟਨ ਕਰਨਗੇ। ਉਦਘਾਟਨੀ ਪ੍ਰੋਗਰਾਮ ਚੰਡੀਗੜ੍ਹ ਭਰ ਵਿੱਚ ਕਈ ਥਾਵਾਂ 'ਤੇ ਇੱਕੋ ਸਮੇਂ ਪ੍ਰਸਾਰਿਤ ਕੀਤਾ ਜਾਵੇਗਾ, ਜਿਸ ਨਾਲ ਨਾਗਰਿਕ, ਵਿਦਿਆਰਥੀ ਅਤੇ ਨੌਜਵਾਨ ਇਕੱਠੇ ਮੁਹਿੰਮ ਵਿੱਚ ਹਿੱਸਾ ਲੈ ਸਕਣਗੇ। ਪ੍ਰਸ਼ਾਸਕ "ਬ੍ਰੇਕ ਫ੍ਰੀ - ਆਪਣੇ HIV ਜੋਖਮ ਨੂੰ ਜਾਣੋ" ਨਾਂ ਦੀ ਰਾਜ ਪੱਧਰੀ ਮੁਹਿੰਮ ਵੀ ਸ਼ੁਰੂ ਕਰਨਗੇ । ਇਹ ਮੁਹਿੰਮ ਚੰਡੀਗੜ੍ਹ ਸਟੇਟ ਏਡਜ਼ ਕੰਟਰੋਲ ਸੋਸਾਇਟੀ , ਸਿਹਤ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਵਲੋਂ ਰਾਸ਼ਟਰੀ ਏਡਜ਼ ਕੰਟਰੋਲ ਸੰਗਠਨ ਦੀ ਅਗਵਾਈ ਹੇਠ ਆਯੋਜਿਤ ਕੀਤੀ ਜਾ ਰਹੀ ਏ । ਇਹ ਮੁਹਿੰਮ ਚੰਡੀਗੜ੍ਹ ਭਰ ਵਿੱਚ ਤੇਜ਼ ਆਈ.ਈ.ਸੀ ਗਤੀਵਿਧੀਆਂ ਦੇ ਨਾਲ ਦੋ ਮਹੀਨਿਆਂ ਤੱਕ ਜਾਰੀ ਰਹੇਗੀ।

--------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ 'ਚ ਵੱਖ-ਵੱਖ ਥਾਵਾਂ 'ਤੇ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕਰਦਿਆਂ ਯੈਲੋ ਅਲਰਟ ਜਾਰੀ ਕੀਤਾ ਏ । ਵਿਭਾਗ ਨੇ

ਪੰਜਾਬ, ਉਤਰਾਖੰਡ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ ਅਤੇ ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਵਿੱਚ ਅਗਲੇ ਦੋ ਤੋਂ ਤਿੰਨ ਦਿਨਾਂ ਵਿੱਚ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ । ਵਿਭਾਗ ਨੇ ਅੱਜ ਪੂਰਬੀ ਰਾਜਸਥਾਨ, ਮੱਧ ਮਹਾਰਾਸ਼ਟਰ, ਓਡੀਸ਼ਾ, ਝਾਰਖੰਡ ਅਤੇ ਪੱਛਮੀ ਬੰਗਾਲ ਵਿੱਚ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਲਈ ਓਰੇਂਜ ਅਲਰਟ ਜਾਰੀ ਕੀਤਾ ਏ।

---

ਓਧਰ ਹਿਮਾਚਲ ਪ੍ਰਦੇਸ਼ ਦੇ ਕਈ ਹਿੱਸਿਆਂ ਵਿੱਚ ਲਗਾਤਾਰ ਮੀਂਹ ਕਾਰਨ ਆਮ ਪ੍ਰਭਾਵਿਤ ਹੋਇਆ ਏ । ਜ਼ਮੀਨ ਖਿਸਕਣ ਕਾਰਨ ਕਈ ਇਲਾਕਿਆਂ ਵਿੱਚ ਆਵਾਜਾਈ ਪ੍ਰਭਾਵਿਤ ਹੋਈ ਏ ਜਦੋਂ ਕਿ ਬਿਜਲੀ ਅਤੇ ਪਾਣੀ ਦੀ ਸਪਲਾਈ ਨਾਲ ਸਬੰਧਤ ਸਮੱਸਿਆਵਾਂ ਵੀ ਪੈਦਾ ਹੋਈਆਂ ਹਨ। ਮੌਸਮ ਵਿਭਾਗ ਨੇ ਅਗਲੇ 12 ਘੰਟਿਆਂ ਦੌਰਾਨ ਰਾਜ ਦੇ ਛੇ ਜ਼ਿਲ੍ਹਿਆਂ ਵਿੱਚ ਭਾਰੀ ਮੀਂਹ ਲਈ ਓਰੇਂਜ ਅਲਰਟ ਜਾਰੀ ਕੀਤਾ ਏ । ਸਾਡੇ ਪੱਤਰਕਾਰ ਨੇ ਦਸਿਆ ਕਿ ਭਾਰੀ ਮੀਂਹ ਕਾਰਨ ਜ਼ਮੀਨ ਖਿਸਕਣ ਅਤੇ ਪੱਥਰ ਡਿੱਗਣ ਦੇ ਖਤਰੇ ਦੇ ਮੱਦੇਨਜ਼ਰ, ਮੰਡੀ ਜ਼ਿਲ੍ਹਾ ਪ੍ਰਸ਼ਾਸਨ ਨੇ ਕੱਲ੍ਹ ਰਾਤ ਤੋਂ ਮੰਡੀ ਅਤੇ ਕੁੱਲੂ ਦਰਮਿਆਨ ਰਾਸ਼ਟਰੀ ਰਾਜਮਾਰਗ -21 ਅਤੇ ਮੰਡੀ ਤੇ ਜੋਗਿੰਦਰਨਗਰ ਵਿਚਕਾਰ ਰਾਸ਼ਟਰੀ ਰਾਜਮਾਰਗ -154 'ਤੇ ਆਵਾਜਾਈ ਪੂਰੀ ਤਰ੍ਹਾਂ ਬੰਦ ਰੱਖੀ ਏ । ਸੂਬਾ ਐਮਰਜੈਂਸੀ ਆਪਰੇਸ਼ਨ

ਸੈਂਟਰ ਮੁਤਾਬਿਕ ਸੂਬੇ ਭਰ ਵਿੱਚ 204 ਹੋਰ ਸੜਕਾਂ ਵੀ ਆਵਾਜਾਈ ਲਈ ਬੰਦ ਹਨ। ਇਸ ਤੋਂ ਇਲਾਵਾ, 45 ਬਿਜਲੀ ਟਰਾਂਸਫਾਰਮਰ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਦੀਆਂ 82 ਸਕੀਮਾਂ ਪ੍ਰਭਾਵਿਤ ਹੋਈਆਂ ਹਨ। ਇਸ ਦੌਰਾਨ, ਮੌਸਮ ਵਿਗਿਆਨ ਕੇਂਦਰ, ਸ਼ਿਮਲਾ ਨੇ ਅੱਜ ਛੇ ਜ਼ਿਲ੍ਹਿਆਂ - ਕਾਂਗੜਾ, ਮੰਡੀ, ਕੁੱਲੂ, ਸ਼ਿਮਲਾ, ਚੰਬਾ ਅਤੇ ਲਾਹੌਲ-ਸਪੀਤੀ - ਵਿੱਚ ਭਾਰੀ ਮੀਂਹ ਲਈ 'ਔਰੇਂਜ ਅਲਰਟ' ਜਾਰੀ ਕੀਤਾ ਏ । ਰਾਜ ਸਰਕਾਰ ਨੇ ਲੋਕਾਂ ਨੂੰ ਚੌਕਸ ਰਹਿਣ, ਜ਼ਮੀਨ ਖਿਸਕਣ ਵਾਲੇ ਖੇਤਰਾਂ, ਦਰਿਆਵਾਂ ਅਤੇ ਨਾਲਿਆਂ ਤੋਂ ਸੁਰੱਖਿਅਤ ਦੂਰੀ ਬਣਾ ਕੇ ਰੱਖਣ ਅਤੇ ਸਮੇਂ-ਸਮੇਂ 'ਤੇ ਸਥਾਨਕ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦੀ  ਅਪੀਲ ਕੀਤੀ ਏ।'

-------------------------------------------------------

ਭਾਰਤ ਨੇ ਨਾਈਜੀਰੀਆ ਦੇ ਲਾਗੋਸ ਵਿੱਚ ਆਯੋਜਿਤ ਰਾਸ਼ਟਰ-ਮੰਡਲ ਤਲਵਾਰਬਾਜ਼ੀ ਚੈਂਪੀਅਨਸ਼ਿਪ ਵਿੱਚ ਆਪਣੀ ਪ੍ਰਭਾਵਸ਼ਾਲੀ ਤਗਮਾ ਜਿੱਤਣ ਦੀ ਲੜੀ ਜਾਰੀ ਰੱਖੀ ਏ । ਕਰਨ ਸਿੰਘ ਅਤੇ ਸ਼ੇਰਜਿਨ ਸ਼ਾਂਤੀਮੋਲ ਨੇ ਕੱਲ੍ਹ ਰਾਤ ਸੀਨੀਅਰ ਪੁਰਸ਼ ਮੁਕਾਬਲਿਆਂ ਵਿੱਚ ਭਾਰਤ ਲਈ ਸੋਨੇ ਦੇ ਤਮਗੇ ਜਿੱਤੇ। 7-11 ਨਾਲ ਪਿੱਛੇ ਰਹਿਣ ਤੋਂ ਬਾਅਦ, ਕਰਨ ਨੇ ਬੇਹਤਰੀਨ ਵਾਪਸੀ ਕਰਦਿਆਂ ਮੈਚ 15-12 ਨਾਲ ਜਿੱਤ ਕੇ ਸੋਨੇ ਦਾ ਤਮਗਾ  ਜਿੱਤਿਆ। ਸ਼ੇਰਜਿਨ ਸ਼ਾਂਤੀਮੋਲ ਨੇ ਦੂਜਾ ਦਰਜਾ ਪ੍ਰਾਪਤ ਦੱਖਣੀ

ਅਫਰੀਕਾ ਦੇ ਤਲਵਾਰਬਾਜ਼ ਪੀਟਰ ਕਰੂ-ਗਰ ਨੂੰ 15-6 ਨਾਲ ਹਰਾ ਕੇ ਸਿਖਰਲਾ ਸਥਾਨ ਹਾਸਲ ਕੀਤਾ। ਭਾਰਤੀ ਮਹਿਲਾ ਤਲਵਾਰਬਾਜ਼ਾਂ ਨੇ ਫਿਰ ਸੀਨੀਅਰ ਮਹਿਲਾ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ  ਤਿੰਨ ਤਗਮੇ ਜਿੱਤੇ। ਤਨਿਸ਼ਕਾ ਖੱਤਰੀ ਨੇ ਸੋਨੇ ਦਾ ਤਮਗਾ ਅਤੇ ਖੁਸ਼ੀ ਦਭਾਦੇ ਨੇ ਚਾਂਦੀ ਦਾ ਤਮਗਾ ਜਿੱਤਿਆ। ਪ੍ਰਾਚੀ ਲੋਹਾਨ ਨੇ ਆਸਟ੍ਰੇਲੀਆ ਦੇ ਹੈਰੀਸਨ ਐਸਟਲ ਨਾਲ ਤੀਜਾ ਸਥਾਨ ਸਾਂਝਾ ਕਰਦੇ ਹੋਏ ਕਾਂਸੀ ਦਾ ਤਮਗਾ ਜਿੱਤ ਕੇ ਭਾਰਤ ਦੀ ਤਮਗਾ ਸੂਚੀ ਵਿੱਚ ਵਾਧਾ ਕੀਤਾ।

---

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਅੱਜ ਰਾਜ ਸਭਾ ਵਿੱਚ, ਕੇਰਲਾ ਦਾ ਨਾਮ ਬਦਲਣ ਸਬੰਧੀ ਬਿੱਲ, 2026 ਪੇਸ਼ ਕਰਨਗੇ।

- ਲੋਕ ਸਭਾ ਵਿੱਚ, ਖਾਣਾਂ ਅਤੇ ਖਣਿਜ (ਵਿਕਾਸ ਅਤੇ ਨਿਯਮ ) ਸੋਧ ਬਿੱਲ-2026 ਪੇਸ਼ ਕੀਤਾ ਜਾਵੇਗਾ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਆਤਮਕਥਾ ਜਾਰੀ ਕਰਨਗੇ।

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਨਵੀਂ ਦਿੱਲੀ ਵਿੱਚ ਬੂਟੇ ਲਗਾਉਣ ਦੀ ਇਕ ਵਿਆਪਕ ਮੁਹਿੰਮ ਦੀ ਸ਼ੁਰੂਆਤ ਕਰਨਗੇ।

- ਮੌਸਮ ਵਿਭਾਗ ਨੇ ਅੱਜ ਪੰਜਾਬ ਸਮੇਤ ਹੋਰਨਾਂ ਵੱਖ ਵੱਖ ਸੂਬਿਆਂ 'ਚ ਭਾਰੀ ਮੀਂਹ ਪੈਣ ਬਾਰੇ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤੇ ।

- ਰਾਸ਼ਟਰ-ਮੰਡਲ ਤਲਵਾਰਬਾਜ਼ੀ ਚੈਂਪੀਅਨਸ਼ਿਪ ਵਿੱਚ, ਕਰਨ ਸਿੰਘ ਅਤੇ ਸ਼ੇਰਜਿਨ ਸ਼ਾਂਤੀਮੋਲ ਅਤੇ ਤਨਿਸ਼ਕਾ ਖੱਤਰੀ ਨੇ ਨਾਈਜੀਰੀਆ 'ਚ ਸੋਨੇ ਦੇ ਤਮਗੇ ਜਿੱਤੇ ।

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 1 ਵੱਜਕੇ 10 ਮਿੰਟ 'ਤੇ ਨਮਸਕਾਰ !**